# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 25-07-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਆਪਣੇ ਦੋ ਦੇਸ਼ਾਂ ਦੇ ਦੌਰੇ ਦੇ ਦੂਜੇ ਗੇੜ ਵਿੱਚ ਮਾਲਦੀਵ ਦੀ ਰਾਜਧਾਨੀ ਮਾਲੇ ਪਹੁੰਚੇ ਨੇ । ਮਾਲਦੀਵ ਦੇ ਰਾਸ਼ਟਰਪਤੀ ਡਾ. ਮੁਹੰਮਦ ਮੁਈਜ਼ੂ ਨੇ ਵਲੇਨਾ ਅੰਤਰ-ਰਾਸ਼ਟਰੀ ਹਵਾਈ ਅੱਡੇ 'ਤੇ ਸ਼੍ਰੀ ਮੋਦੀ ਦਾ ਸਵਾਗਤ ਕੀਤਾ । ਇਹ ਪ੍ਰਧਾਨ ਮੰਤਰੀ ਮੋਦੀ ਦਾ ਮਾਲਦੀਵ ਦਾ ਤੀਜਾ ਦੌਰਾ ਏ । ਅੱਜ, ਉਹ ਰਾਸ਼ਟਰਪਤੀ ਮੁਈਜ਼ੂ ਨਾਲ ਆਪਸੀ ਹਿੱਤ ਦੇ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕਰਨਗੇ। ਇਸ ਤੋਂ ਪਹਿਲਾਂ ਕੱਲ੍ਹ ਲੰਡਨ ਵਿਚ, ਪ੍ਰਧਾਨ ਮੰਤਰੀ ਮੋਦੀ ਨੇ ਆਪਣੇ ਬਰਤਾਨੀਆ ਹਮਰੁਤਬਾ ਕੀਰ ਸਟਾਰਮਰ ਨਾਲ ਗੱਲਬਾਤ ਕੀਤੀ । ਦੋਵਾਂ ਆਗੂਆਂ ਨੇ ਆਪਸੀ ਹਿੱਤਾਂ ਦੇ ਖੇਤਰੀ ਅਤੇ ਵਿਸ਼ਵ-ਵਿਆਪੀ ਮੁੱਦਿਆਂ 'ਤੇ ਚਰਚਾ ਕੀਤੀ । ਭਾਰਤ ਅਤੇ ਬਰਤਾਨੀਆ ਨੇ ਇੱਕ ਇਤਿਹਾਸਕ ਮੁਕਤ ਵਪਾਰ ਸਮਝੌਤੇ FTA 'ਤੇ ਵੀ ਦਸਤਖਤ ਕੀਤੇ ।

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ਇਹ ਭਾਰਤ ਅਤੇ ਬਰਤਾਨੀਆ ਵਿਚਕਾਰ ਦੁਵੱਲੇ ਸਬੰਧਾਂ ਵਿੱਚ ਇੱਕ ਇਤਿਹਾਸਕ ਦਿਨ ਏ ।

**BYTE**

-----------------------------------------------------

ਵਿਰੋਧੀ ਧਿਰ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਕੀਤੇ ਗਏ ਹੰਗਾਮੇ ਤੋਂ ਬਾਅਦ ਲੋਕ ਸਭਾ ਦੀ ਕਾਰਵਾਈ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ ਏ । ਅੱਜ ਸਵੇਰੇ 11 ਵਜੇ ਕਾਰਵਾਈ ਸ਼ੁਰੂ ਹੁੰਦੇ ਹੀ ਸਦਨ ਨੇ, ਦੇਸ਼ ਦੇ ਬਹਾਦਰ ਜਵਾਨਾਂ ਨੂੰ ਯਾਦ ਕੀਤਾ ਅਤੇ ਕਾਰਗਿਲ ਵਿਜੇ ਦਿਵਸ ਦੀ 26ਵੀਂ ਵਰ੍ਹੇਗੰਢ ਤੋਂ ਇਕ ਸ਼ਾਮ ਪਹਿਲਾਂ ਦੇਸ਼ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਜਵਾਨਾਂ ਨੂੰ ਸ਼ਰਧਾਂਜਲੀ ਦਿੱਤੀ। ਸਦਨ ਨੇ ਬਹਾਦਰ ਯੋਧਿਆਂ ਨੂੰ ਸਲਾਮ ਕੀਤਾ। ਉਨ੍ਹਾਂ ਦੇ ਸਨਮਾਨ ਵਿੱਚ ਮੌਨ ਵੀ ਰੱਖਿਆ ਗਿਆ। ਇਸ ਤੋਂ ਤੁਰੰਤ ਬਾਅਦ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਪ੍ਰਸ਼ਨ ਕਾਲ ਚਲਾਉਣ ਦੀ ਕੋਸ਼ਿਸ਼ ਕੀਤੀ ਪਰ ਵਿਰੋਧੀ ਧਿਰ ਦੇ ਮੈਂਬਰ ਸਦਨ ਦੇ ਵਿਚਕਾਰ ਆ ਗਏ ਅਤੇ ਬਿਹਾਰ ਵਿੱਚ ਵਿਸ਼ੇਸ਼ ਡੂੰਘਾਈ ਨਾਲ ਸਮੀਖਿਆ ਸਮੇਤ ਵੱਖ-ਵੱਖ ਮੁੱਦਿਆਂ 'ਤੇ ਚਰਚਾ ਦੀ ਮੰਗ

ਕਰਨ ਲੱਗੇ। ਹੰਗਾਮੇ ਤੋਂ ਬਾਅਦ ਸਪੀਕਰ ਨੇ ਸਦਨ ਦੀ ਕਾਰਵਾਈ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ 'ਤੇ ਵਿਰੋਧੀ ਧਿਰ ਦੇ ਹੰਗਾਮੇ ਤੋਂ ਬਾਅਦ, ਰਾਜ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ ਏ।

---------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸਦਨ ਵਿਚ ਕੱਲ ਰੂਸੀ ਫੌਜ ਵਿੱਚ ਅਜੇ ਵੀ ਫਸੇ ਭਾਰਤੀਆਂ ਦਾ ਮੁੱਦਾ ਗੰਭੀਰਤਾ ਨਾਲ ਉਠਾਇਆ। ਸੰਤ ਸੀਚੇਵਾਲ ਨੇ ਸਵਾਲ ਕਿਹਾ ਕਿ ਰੂਸ ਵਿੱਚ ਫਸੇ ਭਾਰਤੀਆਂ ਦੇ ਵੇਰਵੇ ਜੋ ਅਜੇ ਤੱਕ ਆਪਣੇ ਪਰਿਵਾਰਾਂ ਤੱਕ ਨਹੀ ਪਹੁੰਚ ਰਹੇ ਇਸ ਦੇ ਕੀ ਕਾਰਨ ਨੇ। ਉਨ੍ਹਾਂ ਇਸ ਬਾਰੇ ਸਰਕਾਰ ਵਲੋਂ ਚੁਕੇ ਜਾ ਰਹੇ ਕਦਮਾਂ ਬਾਰੇ ਵੀ ਸਵਾਲ ਕੀਤਾ। ਵਿਦੇਸ਼ ਮੰਤਰਾਲੇ ਦੇ ਕੇਂਦਰੀ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਦੱਸਿਆ ਕਿ ਰੂਸੀ ਹਥਿਆਰਬੰਦ ਸੈਨਾਵਾਂ ਵਿੱਚ 127 ਭਾਰਤੀ ਨਾਗਰਿਕ ਸਨ। ਉਨ੍ਹਾਂ ਵਿੱਚੋਂ 98 ਵਿਅਕਤੀ ਵਾਪਸ ਆ ਚੁੱਕੇ ਹਨ, ਉਨ੍ਹਾਂ ਦੱਸਿਆ ਕਿ 13 ਭਾਰਤੀ ਨਾਗਰਿਕ ਰੂਸੀ ਹਥਿਆਰਬੰਦ ਸੈਨਾਵਾਂ ਵਿੱਚ ਹਨ, ਜਿਨ੍ਹਾਂ ਵਿੱਚੋਂ 12 ਭਾਰਤੀਆਂ ਦੇ ਰੂਸੀ

ਪੱਖ ਦੁਆਰਾ ਲਾਪਤਾ ਹੋਣ ਦੀ ਰਿਪੋਰਟ ਕੀਤੀ ਗਈ ਏ ।

---------------------------------------------------

ਪੰਜਾਬ ਸਰਕਾਰ ਨੇ ਸੂਬੇ ਵਿੱਚ ਸ਼ਹਿਰੀ ਵਿਕਾਸ ਨੂੰ ਯੋਜਨਾਬੱਧ ਤੇ ਸੁਚਾਰੂ ਬਣਾਉਣ ਅਤੇ ਉਸਾਰੀ ਸਬੰਧੀ ਨਿਯਮਾਂ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਬਾਰੇ ਸ਼ਹਿਰਾਂ ਲਈ ਏਕੀਕ੍ਰਿਤ ਇਮਾਰਤੀ ਉਪ-ਨਿਯਮ ਬਣਾਉਣ ਦਾ ਫੈਸਲਾ ਕੀਤਾ ਏ । ਚੰਡੀਗੜ੍ਹ ਵਿਚ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਇਸ ਫੈਸਲੇ ਨਾਲ ਸ਼ਹਿਰ ਵਾਸੀਆਂ ਅਤੇ ਹੋਰਨਾਂ ਭਾਈਵਾਲਾਂ ਦੀ ਚਿਰੋਕਣੀ ਮੰਗ ਪੂਰੀ ਹੋਵੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਬਾਇਲਾਜ਼ ਦਾ ਖਰੜਾ ਅਧਿਕਾਰਤ ਵੈੱਬਸਾਈਟਾਂ ’ਤੇ ਅਪਲੋਡ ਕਰ ਦਿੱਤਾ ਗਿਆ ਏ ਤਾਂ ਜੋ ਲੋਕਾਂ ਤੋਂ ਸੁਝਾਅ ਲਏ ਜਾ ਸਕਣ। ਉਨ੍ਹਾਂ ਸੂਬਾ ਵਾਸੀਆਂ ਨੂੰ 30 ਦਿਨਾਂ ਦੇ ਅੰਦਰ ਆਪਣੇ ਸੁਝਾਅ ਦੇਣ ਲਈ ਸੱਦਾ ਦਿੱਤਾ । ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਸ਼ਹਿਰਾਂ ਵਿੱਚ ਭਵਿੱਖ ਮੁਖੀ ਅਤੇ ਇਕਸਾਰ

ਇਮਾਰਤਾਂ ਬਣਾਉਣ ਲਈ ਬਾਇਲਾਜ਼ ਬਣਾਉਣ ਵਾਸਤੇ ਲੋਕਾਂ ਦੇ ਸਲਾਹ ਲੈਣ ਦਾ ਫੈਸਲਾ ਕੀਤਾ ਏ ।

-------------------------------------------------------

ਫਿਰੋਜ਼ਪੁਰ ਪੁਲਿਸ ਨੇ ਸਰਹੱਦ ਪਾਰ ਨਸ਼ਾ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ 15 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਸੋਸ਼ਲ ਮੀਡਿਆ ਪ੍ਲੇਟਫੋਰਮ ਐਕਸ ਤੇ ਜਾਣਕਾਰੀ ਦਿੰਦਿਆਂ ਦਸਿਆ ਕਿ ਭਰੋਸੇਯੋਗ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ, ਪੁਲਿਸ ਨੇ ਨਸ਼ਾ ਤਸਕਰ ਰਮੇਸ਼ ਕੁਮਾਰ ਉਰਫ ਮੇਚੀ ਨੂੰ ਗ੍ਰਿਫਤਾਰ ਕੀਤਾ ਏ । ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਇੱਕ ਮਾਮਲਾ  ਦਰਜ ਕੀਤਾ ਗਿਆ ਏ ਅਤੇ ਇਸ ਦੇ ਅਗਲੇ ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਏ । ਹਵਾਲਾ ਚੈਨਲਾਂ ਦਾ ਪਰਦਾਫਾਸ਼ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਏ, ਜਿਨ੍ਹਾਂ ਨੇ ਕਾਰਟੈਲ ਦੇ ਵਿੱਤੀ ਕਾਰਜਾਂ ਦੇ ਪ੍ਰਬੰਧਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ।

---------------------------------------------------------------------

ਪੰਜਾਬ ਦੇ ਸਾਰੇ ਆਮ ਆਦਮੀ ਕਲੀਨਿਕਾਂ ਵਿੱਚ ਹੁਣ ਕੁਤਿਆਂ ਸਮੇਤ ਸਾਰੇ ਹੀ ਜਾਨਵਰਾਂ ਦੇ ਕੱਟਣ ਤੋਂ ਬਚਾਅ ਲਈ ਟੀਕਾਕਰਨ ਸ਼ੁਰੂ ਕੀਤਾ ਗਿਆ ਏ। ਫਤਿਹਗੜ੍ਹ ਸਾਹਿਬ ਦੇ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਨੇ ਤੇ ਹੁਣ ਇਹ ਸਹੂਲਤ ਜ਼ਿਲੇ ਵਿੱਚ ਸਰਕਾਰ ਵੱਲੋਂ ਖੋਲੇ ਗਏ 20 ਆਮ ਆਦਮੀ ਕਲੀਨਿਕਾਂ ਤੇ ਵੀ ਉਪਲਬਧ ਹੋਵੇਗੀ । **BYTE**

---------------------------------------------------------------------

ਮੁਹਾਲੀ ਜ਼ਿਲ੍ਹੇ ਵਿੱਚ ਘੜੂੰਆਂ ਬਲਾਕ ਦੇ ਵੱਖ-ਵੱਖ ਪਿੰਡ ਵਿੱਚ "ਨਸ਼ਾ ਮੁਕਤੀ ਯਾਤਰਾ" ਰਾਹੀਂ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਹਲਕਾ ਚਮਕੌਰ ਸਾਹਿਬ ਦੇ ਵਿਧਾਇਕ ਡਾ. ਚਰਨਜੀਤ ਸਿੰਘ ਨੇ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂੰ ਕਰਵਾਇਆ ਅਤੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ। ਡਾ. ਚਰਨਜੀਤ ਸਿੰਘ ਨੇ ਕਿਹਾ ਕਿ

ਇਹ ਮੁਹਿੰਮ ਸਮਾਜ ਦੀ ਭਲਾਈ ਲਈ ਚਲਾਈ ਗਈ ਏ ਤੇ ਸਾਰੇ ਲੋਕਾਂ ਨੂੰ ਵੱਧ ਚੜ ਕੇ ਇਸ ਵਿਚ ਸਹਿਯੋਗ ਦੇਣਾ ਚਾਹੀਦਾ ਏ ਤਾਂ ਹੀ ਅਸੀਂ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾ ਸਕਦੇ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਖਤਮ ਕਰਨ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਏ , ਸਰਕਾਰੀ ਅਤੇ ਪ੍ਰਾਈਵੇਟ ਨਸ਼ਾ ਮੁਕਤੀ ਕੇਂਦਰਾਂ ਅਤੇ ਮੁੜ ਵਸੇਬਾ ਕੇਂਦਰਾਂ ਵਿਚ ਨਸ਼ਾ ਪੀੜਤ ਵਿਅਕਤੀਆਂ ਦਾ ਬਿਹਤਰੀਨ ਇਲਾਜ ਕਰਨ ਲਈ ਢੁੱਕਵੇਂ ਪ੍ਰਬੰਧ ਕੀਤੇ ਗਏ ਨੇ ।

-----------------------------------------------------